# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 20:30

**ਮਿਤੀ : 07-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਰਕਾਰ ਦੇ ਮੁਖੀ ਵਜੋਂ ਲਗਾਤਾਰ ਜਨਤਕ ਸੇਵਾ ਦੇ 25 ਸਾਲ ਪੂਰੇ ਕਰ ਲਏ ਨੇ. ਉਨ੍ਹਾਂ ਨਵੀਂ ਦਿੱਲੀ ਵਿੱਚ ਵਿਕਸਿਤ ਭਾਰਤ ਸੰਕਲਪ ਸਭਾ ਨੂੰ ਸੰਬੋਧਨ ਕੀਤਾ।

- ਸੁਪਰੀਮ ਕੋਰਟ ਨੇ ਪੰਜਾਬ ਦੇ ਪਟਿਆਲਾ ਅਤੇ ਮੋਗਾ ਜ਼ਿਲ੍ਹਿਆਂ ਦੇ 50 ਵਾਰਡਾਂ ਵਿੱਚ ਨਵੇਂ ਸਿਰਿਓਂ ਚੋਣਾਂ ਕਰਵਾਉਣ ਦਾ ਹੁਕਮ ਦਿੱਤਾ ਏ ।

- ਭਾਰਤ ਨੇ ਪਿਛਲੇ ਕੁਝ ਦਿਨਾਂ ਵਿੱਚ ਕਾਲੇ ਸਾਗਰ ਖੇਤਰ’ਚ ਹੋਏ ਹਮਲਿਆਂ ਦੀ ਨਿਖੇਧੀ ਕੀਤੀ ਏ.

- ਭਾਰਤੀ ਰਿਜ਼ਰਵ ਬੈਂਕ ਨੇ  ਵਧਦੀ ਮਹਿੰਗਾਈ ਨੂੰ ਕਾਬੂ ਕਰਨ ਲਈ ਨੀਤੀਗਤ ਰੈਪੋ ਦਰ ਨੂੰ 25 ਬੁਨਿਆਦੀ ਅੰਕ ਵਧਾ ਕੇ 5.5 ਫੀਸਦੀ ਕੀਤਾ.

- ਸਾਲ 2026 ਦਾ ਰਸਾਇਣ ਵਿਗਿਆਨ ਵਿੱਚ ਨੋਬਲ ਈਨਾਮ, ਫਰਾਂਸ ਦੇ ਹੈਨਰੀ ਕੈਗਨ ਅਤੇ ਜਾਪਾਨ ਦੇ ਕੇਂਸੋ ਸੋਆਈ ਨੂੰ ਦੇਣ ਦਾ ਐਲਾਨ ਕੀਤਾ ਗਿਆ ਏ ।

***ਹੁਣ ਖਬਰਾਂ ਵਿਸਥਾਰ ਨਾਲ***

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਰਕਾਰ ਦੇ ਮੁਖੀ ਵਜੋਂ ਲਗਾਤਾਰ ਜਨਤਕ ਸੇਵਾ ਦੇ 25 ਸਾਲ ਪੂਰੇ ਕਰ ਲਏ ਨੇ. ਸ਼੍ਰੀ ਮੋਦੀ ਸਵੇਰੇ ਨਵੀਂ ਦਿੱਲੀ ਦੇ ਸਰੋਜਨੀ ਨਗਰ ਵਿਖੇ ਸ਼੍ਰੀ ਵਿਨਾਇਕ ਮੰਦਿਰ ਗਏ ਅਤੇ ਉੱਥੇ ਪ੍ਰਾਰਥਨਾ ਕੀਤੀ। ਉਨ੍ਹਾਂ ਨੇ ਰਵਾਇਤੀ ਪੂਜਾ ਵਿੱਚ ਵੀ ਹਿੱਸਾ ਲਿਆ। ਪ੍ਰਧਾਨ ਮੰਤਰੀ ਨੇ ਨਵੀਂ ਦਿੱਲੀ ਵਿੱਚ ਵਿਕਸਿਤ ਭਾਰਤ ਸੰਕਲਪ ਸਭਾ ਨੂੰ ਸੰਬੋਧਨ ਕੀਤਾ। ਆਪਣੇ ਸੰਬੋਧਨ ‘ਚ ਸ਼੍ਰੀ ਮੋਦੀ ਨੇ ਕਿਹਾ ਕਿ ਓਹਨਾਂ ਅੱਜ ਸ਼੍ਰੀ ਵਿਨਾਇਕ ਮੰਦਿਰ ਵਿਚ ਦੇਸ਼ ਅਤੇ ਇਸਦੇ 140 ਕਰੋੜ ਨਾਗਰਿਕਾਂ ਦੀ ਖੁਸ਼ਹਾਲੀ ਲਈ ਪ੍ਰਾਰਥਨਾ ਕੀਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਲੋਕਾਂ ਤੋਂ ਉਨ੍ਹਾਂ ਨੂੰ ਮਿਲਿਆ ਵਿਸ਼ਵਾਸ ਅਤੇ ਪਿਛਲੇ 25 ਸਾਲਾਂ ਵਿੱਚ ਉਨ੍ਹਾਂ ਨੇ ਜੋ ਤਜਰਬਾ ਹਾਸਿਲ ਕੀਤਾ ਏ, ਉਹ ਉਨ੍ਹਾਂ ਦੀ ਸਭ ਤੋਂ ਵੱਡੀ ਸੰਪਤੀ ਏ –

byte

ਪ੍ਰਧਾਨ ਮੰਤਰੀ ਨੇ ਕਿਹਾ ਕਿ ਮੌਜੂਦਾ ਸਰਕਾਰ ਦੀਆਂ ਨੀਤੀਆਂ ਸਾਰੇ ਨਾਗਰਿਕਾਂ ਦੀਆਂ ਸਮੱਸਿਆਵਾਂ ਦੇ ਹੱਲ ਲੱਭਣ 'ਤੇ ਕੇਂਦ੍ਰਿਤ ਨੇ. ਉਨ੍ਹਾਂ ਕਿਹਾ ਕਿ ਭਾਰਤ ਹੁਣ ਆਪਣੀ ਵਧਦੀ ਤਾਕਤ ਅਤੇ ਚੁਣੌਤੀਆਂ ਨਾਲ ਨਜਿਠਣ ਦੀ ਸਮਰਥਾ ਲਈ ਚਰਚਾ ਵਿਚ ਏ. ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਦੇਸ਼ ਆਪਣੀਆਂ ਚੁਣੌਤੀਆਂ ਦੇ ਸਥਾਈ ਹੱਲ ਦੀ ਭਾਲ ਕਰ ਰਿਹਾ ਏ

byte

ਪ੍ਰਧਾਨ ਮੰਤਰੀ ਨੇ ਕਿਹਾ ਕਿ ਜਦੋਂ ਉਨ੍ਹਾਂ ਨੇ 7 ਅਕਤੂਬਰ 2001 ਨੂੰ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ ਸੀ, ਤਾਂ ਉਨ੍ਹਾਂ ਕਦੇ ਸੋਚਿਆ ਵੀ ਨਹੀਂ ਸੀ ਕਿ ਇਹ ਮੀਲ ਪੱਥਰ ਇੱਕ ਦਿਨ ਆਵੇਗਾ। ਉਨ੍ਹਾਂ ਕਿਹਾ ਕਿ ਅੱਜ ਇੱਕ ਸਰਕਾਰ ਦੇ ਮੁਖੀ ਵਜੋਂ 25 ਸਾਲਾਂ ਦੀ ਨਿਰੰਤਰ ਸੇਵਾ ਪੂਰੀ ਹੋ ਰਹੀ ਏ ਤੇ, ਇਹ ਯਾਤਰਾ ਲੋਕਾਂ ਦੇ ਅਟੁੱਟ ਆਸ਼ੀਰਵਾਦ ਅਤੇ ਹਮਾਇਤ ਨਾਲ ਸੰਭਵ ਹੋਈ ਏ । ਪ੍ਰਧਾਨ ਮੰਤਰੀ ਨੇ ਦੇਸ਼ ਦੇ ਲੋਕਾਂ, ਭਾਜਪਾ ਅਤੇ ਆਪਣੇ ਸਾਰੇ ਸਿਆਸੀ ਸਾਥੀਆਂ ਦਾ ਦਿਲੋਂ ਧੰਨਵਾਦ ਕੀਤਾ ਜਿਨ੍ਹਾਂ ਦਾ ਲੋਕਤੰਤਰ ਵਿੱਚ ਅਥਾਹ ਵਿਸ਼ਵਾਸ ਏ. ਇਸ ਮੌਕੇ 'ਤੇ ਭਾਜਪਾ ਪ੍ਰਧਾਨ ਨਿਤਿਨ ਨਵੀਨ ਨੇ ਕਿਹਾ ਕਿ ਵੱਡੀਆਂ ਆਲਮੀ ਚੁਣੌਤੀਆਂ ਦੇ ਬਾਵਜੂਦ, ਪ੍ਰਧਾਨ ਮੰਤਰੀ ਮੋਦੀ ਨੇ ਸਮਾਜ ਦੇ ਸਭ ਤੋਂ ਗਰੀਬ ਅਤੇ ਸਭ ਤੋਂ ਵਾਂਝੇ ਵਰਗਾਂ ਦੀ ਭਲਾਈ ਨੂੰ ਆਪਣੀਆਂ ਤਰਜੀਹਾਂ ਦੇ ਸਿਖਰ 'ਤੇ ਰੱਖਿਆ ਏ । ਉਨ੍ਹਾਂ ਨੇ ਔਰਤਾਂ ਦੇ ਸਸ਼ਕਤੀਕਰਨ ਲਈ ਸਰਕਾਰ ਦੀਆਂ ਪਹਿਲਕਦਮੀਆਂ ਦੀ ਵੀ ਸ਼ਲਾਘਾ ਕੀਤੀ -

byte

ਉਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਕਈ ਹੋਰ ਕੈਬਨਿਟ ਮੰਤਰੀਆਂ ਨੇ ਇਸ ਮੌਕੇ 'ਤੇ ਸ਼੍ਰੀ ਮੋਦੀ ਨੂੰ ਸਰਕਾਰ ਦੇ ਮੁਖੀ ਵਜੋਂ ਜਨਤਕ ਸੇਵਾ ਵਿੱਚ 25 ਸਾਲ ਪੂਰੇ ਕਰਨ 'ਤੇ ਵਧਾਈ ਦਿੱਤੀ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੰਡੀਆ ਮੋਬਾਈਲ ਕਾਂਗਰਸ (IMC) 2026 ਤੋਂ ਪਹਿਲਾਂ ਨਵੀਂ ਦਿੱਲੀ ਦੇ ਸੇਵਾ ਤੀਰਥ ਵਿਖੇ ਗਲੋਬਲ ਮੋਬਾਈਲ ਕਮਿਊਨੀਕੇਸ਼ਨ ਸਿਸਟਮ ਐਸੋਸੀਏਸ਼ਨ (GSMA) ਦੇ ਬੋਰਡ ਮੈਂਬਰਾਂ ਨਾਲ ਗੱਲਬਾਤ ਕੀਤੀ. GSMA ਇੱਕ ਆਲਮੀ ਸੰਗਠਨ ਏ ਜੋ ਮੋਬਾਈਲ ਈਕੋਸਿਸਟਮ ਨੂੰ ਏਕੀਕ੍ਰਿਤ ਕਰਦਾ ਏ । ਇਹ ਮੋਬਾਈਲ ਆਪਰੇਟਰਾਂ ਅਤੇ ਸੰਬੰਧਿਤ ਸਨਅਤੀ ਸੰਗਠਨਾਂ ਦੀ ਨੁਮਾਇੰਦਗੀ ਕਰਦਾ ਏ । ਗੱਲਬਾਤ ਦੌਰਾਨ, ਪ੍ਰਧਾਨ ਮੰਤਰੀ ਨੇ ਜ਼ੋਰ ਦਿੱਤਾ ਕਿ ਤਕਨਾਲੋਜੀ ਨੂੰ ਸਮਾਵੇਸ਼ੀ ਅਤੇ ਨਿਰੰਤਰ ਰਹਿਣ ਯੋਗ ਵਿਕਾਸ ਲਈ ਇੱਕ ਸਾਧਨ ਬਣਨਾ ਚਾਹੀਦਾ ਏ।

---------------------------------------------------------

ਸੁਪਰੀਮ ਕੋਰਟ ਨੇ ਪੰਜਾਬ ਦੇ ਪਟਿਆਲਾ ਅਤੇ ਮੋਗਾ ਜ਼ਿਲ੍ਹਿਆਂ ਦੇ 50 ਵਾਰਡਾਂ ਵਿੱਚ ਨਵੇਂ ਸਿਰਿਓਂ ਚੋਣਾਂ ਕਰਵਾਉਣ ਦਾ ਹੁਕਮ ਦਿੱਤਾ ਏ । ਇਨ੍ਹਾਂ ਵਿੱਚ ਪਟਿਆਲਾ ਨਗਰ ਨਿਗਮ ਦੇ 28 ਵਾਰਡ ਅਤੇ ਮੋਗਾ ਜ਼ਿਲ੍ਹੇ ਵਿੱਚ ਬਾਘਾਪੁਰਾਣਾ ਅਤੇ ਧਰਮਕੋਟ ਨਗਰ ਕੌਂਸਲਾਂ ਦੇ 22 ਵਾਰਡ

ਸ਼ਾਮਿਲ ਨੇ. ਇਹ ਹੁਕਮ ਦਸੰਬਰ 2024 ਦੀਆਂ ਨਗਰ ਨਿਗਮ ਚੋਣਾਂ ਤੋਂ ਬਾਅਦ ਉੱਠੀ ਇੱਕ ਲੰਮੀ  ਕਾਨੂੰਨੀ ਲੜਾਈ ਤੋਂ ਬਾਅਦ ਆਇਆ ਏ , ਜਿਸ ਦੌਰਾਨ ਇਨ੍ਹਾਂ ਨਗਰ ਨਿਗਮਾਂ ਦੇ ਕਈ ਉਮੀਦਵਾਰਾਂ ਨੇ ਇਲ੍ਜ਼ਾਮ ਲਾਇਆ ਕਿ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਮੈਂਬਰਾਂ, ਪੁਲਿਸ ਮੁਲਾਜ਼ਮਾਂ ਅਤੇ ਹੋਰਾਂ ਨੇ, ਉਨ੍ਹਾਂ ਨੂੰ ਨਾਮਜ਼ਦਗੀ ਪੱਤਰ ਦਾਖਲ ਕਰਨ ਤੋਂ ਰੋਕਿਆ। ਪਟੀਸ਼ਨਕਰਤਾਵਾਂ ਨੇ ਇਲ੍ਜ਼ਾਮ ਲਾਇਆ ਸੀ ਕਿ ਉਮੀਦਵਾਰਾਂ 'ਤੇ ਸਰੀਰਕ ਹਮਲਾ ਕੀਤਾ ਗਿਆ, ਉਨ੍ਹਾਂ ਦੇ ਕੱਪੜੇ ਪਾੜ ਦਿੱਤੇ ਗਏ ਅਤੇ ਨਾਮਜ਼ਦਗੀ ਪੱਤਰ ਖੋਹ ਲਏ ਗਏ। ਉਨ੍ਹਾਂ ਇਹ ਵੀ ਇਲ੍ਜ਼ਾਮ ਲਾਇਆ ਕਿ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਜਾਰੀ ਨਿਰਦੇਸ਼ਾਂ ਦੇ ਬਾਵਜੂਦ ਨਾਮਜ਼ਦਗੀ ਪ੍ਰਕਿਰਿਆ ਦੀ ਵੀਡੀਓਗ੍ਰਾਫੀ ਨਹੀਂ ਕੀਤੀ ਗਈ । ਸੁਪਰੀਮ ਕੋਰਟ ਨੇ ਫਿਰ, ਇਹਨਾਂ ਇਲਜ਼ਾਮਾਂ ਦੀ ਜਾਂਚ ਲਈ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਜੱਜ, ਜਸਟਿਸ ਨਿਰਮਲਜੀਤ ਕੌਰ ਦੀ ਅਗਵਾਈ ਵਿੱਚ ਇੱਕ ਤੱਥ-ਖੋਜ ਕਮਿਸ਼ਨ ਨਿਯੁਕਤ ਕੀਤਾ ਸੀ। ਸੁਪਰੀਮ ਕੋਰਟ ਦਾ ਮੌਜੂਦਾ ਹੁਕਮ ਕਮਿਸ਼ਨ ਵਲੋਂ ਰਿਪੋਰਟ ਜਮ੍ਹਾਂ ਕਰਵਾਉਣ ਤੋਂ ਬਾਅਦ ਆਇਆ ਏ ।

---------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਕਿਹਾ ਏ ਕਿ ਆਲਮੀ ਸੰਕਟ ਦੇ ਬਾਵਜੂਦ ਭਾਰਤ ਦੁਨੀਆ ਦੀਆਂ ਚੋਟੀ ਦੀਆਂ ਪੰਜ ਆਰਥਿਕਤਾਵਾਂ ਵਿੱਚੋਂ ਇੱਕ ਬਣਿਆ ਹੋਇਆ ਏ । ਉੱਤਰ ਪ੍ਰਦੇਸ਼ ਦੇ ਗਾਜ਼ੀਆਬਾਦ ਵਿੱਚ ਵਿਕਸਿਤ ਭਾਰਤ ਸੰਕਲਪ ਸਭਾ ਨੂੰ ਸੰਬੋਧਨ ਕਰਦਿਆਂ ਸ਼੍ਰੀ ਸਿੰਘ ਨੇ

ਕਿਹਾ ਕਿ ਸਰਕਾਰ ਦਾ ਉਦੇਸ਼ ਭਾਰਤ ਨੂੰ ਇੱਕ ਵਿਕਸਿਤ ਦੇਸ਼ ਵਿੱਚ ਬਦਲਣਾ ਏ । ਉਨ੍ਹਾਂ ਕਿਹਾ ਕਿ ਜੇਕਰ ਪੱਛਮੀ ਏਸ਼ੀਆ ਸੰਕਟ ਨਾ ਉਭਰਿਆ ਹੁੰਦਾ, ਤਾਂ ਭਾਰਤ ਆਰਥਿਕਤਾ ਦੇ ਆਕਾਰ ਦੇ ਮਾਮਲੇ ਵਿੱਚ ਦੁਨੀਆ ਦੇ ਚੋਟੀ ਦੇ ਤਿੰਨ ਸਥਾਨਾਂ ਵਿੱਚ ਹੁੰਦਾ। ਸ਼੍ਰੀ ਸਿੰਘ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਦੀ ਆਰਥਿਕਤਾ 7.4 ਫੀਸਦੀ ਦੀ ਦਰ ਨਾਲ ਵਧ ਰਹੀ ਏ -

BYTE

---------------------------------------------------

ਭਾਰਤ ਨੇ ਪਿਛਲੇ ਕੁਝ ਦਿਨਾਂ ਵਿੱਚ ਕਾਲੇ ਸਾਗਰ ਖੇਤਰ ਵਿੱਚ ਹੋਏ ਹਮਲਿਆਂ ਦੀ ਨਿਖੇਧੀ ਕੀਤੀ ਏ. ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦਿਆਂ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਅਜਿਹੇ ਹਮਲੇ ਵਪਾਰਕ ਜਹਾਜ਼ਰਾਨੀ ਨੂੰ ਖ਼ਤਰਾ ਬਣਾਉਂਦੇ ਨੇ ਅਤੇ ਸਮੁੰਦਰੀ ਭਾਈਚਾਰਿਆਂ ਦੀਆਂ ਜਾਨਾਂ ਨੂੰ ਖ਼ਤਰੇ ਵਿੱਚ ਪਾਉਂਦੇ ਨੇ. ਉਨ੍ਹਾਂ ਅੱਗੇ ਕਿਹਾ ਕਿ ਇੱਕ ਵਪਾਰਕ ਜਹਾਜ਼ ਐਮਵੀ ਰੋਯਾਦ ਮਾਮਾਡੋਵ 'ਤੇ ਉਦੋਂ ਹਮਲਾ ਹੋਇਆ ਜਦੋਂ ਇਹ ਕਾਲੇ ਸਾਗਰ ਵਿੱਚ ਚੱਲ ਰਿਹਾ ਸੀ, ਉਸ ਵਿੱਚ ਤਿੰਨ ਭਾਰਤੀ ਨਾਗਰਿਕ ਸਵਾਰ ਸਨ ਅਤੇ ਉਨ੍ਹਾਂ ਵਿੱਚੋਂ ਇੱਕ ਜ਼ਖਮੀ ਹੋ ਗਿਆ ਅਤੇ ਉਸਦਾ ਡਾਕਟਰੀ ਇਲਾਜ ਚੱਲ ਰਿਹਾ ਏ । ਦੂਜਾ ਜਹਾਜ਼, ਅਲਫਾ ਵਤਨ, ਜੋ ਕਿ ਟੋਗੋ ਦੇ ਝੰਡੇ ਵਾਲਾ ਇੱਕ ਵਾਲਾ ਜਹਾਜ਼ ਏ , ਵੀ ਕੱਲ੍ਹ ਹਮਲੇ ਦੀ ਲਪੇਟ ਵਿੱਚ ਆਇਆ। ਉਨ੍ਹਾਂ ਕਿਹਾ ਕਿ, ਭਾਰਤ ਇੱਕ ਵਾਰ ਫਿਰ ਤਣਾਅ ਘਟਾਉਣ ਅਤੇ ਖੇਤਰ ਵਿੱਚ ਸ਼ਾਂਤੀ ਦੀ ਜਲਦ

ਵਾਪਸੀ ਨੂੰ ਸਮਰੱਥ ਬਣਾਉਣ ਲਈ ਗੱਲਬਾਤ ਅਤੇ ਕੂਟਨੀਤੀ ਦੇ ਆਪਣੇ ਸੱਦੇ ਨੂੰ ਦੁਹਰਾਉਂਦਾ ਏ-

byte

ਕੈਪਟਨ ਸਮਿਤ ਮਛਾਰ ਦੀ ਸਿਹਤ ਸਥਿਤੀ ਬਾਰੇ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਦੱਸਿਆ ਕਿ ਉਹ ਹਸਪਤਾਲ ਵਿੱਚ ਨੇ ਤੇ ਉਨ੍ਹਾਂ ਦੀ ਸਿਹਤ ਵਿੱਚ ਸੁਧਾਰ ਹੋ ਰਿਹਾ ਏ। ਰੂਸੀ ਫੌਜ ਵਿੱਚ ਭਾਰਤੀ ਨਾਗਰਿਕਾਂ ਬਾਰੇ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਭਾਰਤ ਰੂਸੀ ਫੌਜ ਵਿੱਚ ਬਾਕੀ ਰਹਿੰਦੇ ਭਾਰਤੀ ਨਾਗਰਿਕਾਂ ਦੀ ਰਿਹਾਈ ਲਈ ਰੂਸੀ ਧਿਰ ਨਾਲ ਲਗਾਤਾਰ ਸੰਪਰਕ 'ਚ ਏ । ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੇ ਇੱਕ ਵਾਰ ਫਿਰ ਭਾਰਤੀ ਨਾਗਰਿਕਾਂ ਨੂੰ ਰੂਸੀ ਫੌਜ ਵਿੱਚ ਸ਼ਾਮਲ ਹੋਣ ਦੀਆਂ ਪੇਸ਼ਕਸ਼ਾਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਏ।

---------------------------------------------------

ਭਾਰਤੀ ਰਿਜ਼ਰਵ ਬੈਂਕ ਨੇ ਅੱਜ ਵਧਦੀ ਮਹਿੰਗਾਈ ਨੂੰ ਕਾਬੂ ਕਰਨ ਲਈ ਨੀਤੀਗਤ ਰੈਪੋ ਦਰ ਨੂੰ 25 ਬੁਨਿਆਦੀ ਅੰਕ ਵਧਾ ਕੇ 5.5 ਫੀਸਦੀ ਕਰ ਦਿੱਤਾ ਏ. RBI ਨੇ ਇਹ ਫੈਸਲਾ ਚੱਲ ਰਹੀਆਂ ਆਲਮੀ ਅਤੇ ਭੂ-ਸਿਆਸੀ ਅਨਿਸ਼ਚਿਤਤਾਵਾਂ ਦਰਮਿਆਨ ਲਿਆ ਏ. ਪਿਛਲਾ ਰੈਪੋ ਦਰ ਵਾਧਾ ਫਰਵਰੀ 2023 ਵਿੱਚ ਕੀਤਾ ਗਿਆ ਸੀ।

---------------------------------------------------

ਸਾਲ 2026 ਦਾ ਰਸਾਇਣ ਵਿਗਿਆਨ ਵਿੱਚ ਨੋਬਲ ਈਨਾਮ, ਫਰਾਂਸ ਦੇ ਹੈਨਰੀ ਕੈਗਨ ਅਤੇ ਜਾਪਾਨ ਦੇ ਕੇਂਸੋ ਸੋਆਈ ਨੂੰ ਦੇਣ ਦਾ ਐਲਾਨ ਕੀਤਾ ਗਿਆ ਏ। ਸਵੀਡਿਸ਼ ਰਾਇਲ ਅਕੈਡਮੀ ਆਫ਼ ਸਾਇੰਸਜ਼ ਨੇ ਉਨ੍ਹਾਂ ਨੂੰ ਇਹ ਸਨਮਾਨ ਅਸਮਿਤ ਜੈਵਿਕ ਸੰਸਲੇਸ਼ਣ ਵਿੱਚ ਗੈਰ-ਰੇਖਿਕ ਪ੍ਰਭਾਵਾਂ ਅਤੇ ਆਟੋ-ਕੈਟਾਲਿਸਿਸ ਦੀ ਖੋਜ ਲਈ ਦਿੱਤਾ ਏ। ਦੋਵਾਂ ਵਿਗਿਆਨੀਆਂ ਨੇ ਰਸਾਇਣ ਵਿਗਿਆਨ ਵਿੱਚ ਕਰੀਬ ਇੱਕ ਸਦੀ ਪੁਰਾਣੇ ਰਹੱਸ ਨੂੰ ਹੱਲ ਕੀਤਾ ਏ। ਉਨ੍ਹਾਂ ਨੇ ਦੱਸਿਆ ਕਿ ਕਿਵੇਂ ਦੋ ਅਣੂਆਂ ਦਾ ਸਿਰਫ਼ ਇੱਕ ਰੂਪ, ਜੋ ਕਿ ਇੱਕ ਦੂਜੇ ਦੇ ਸ਼ੀਸ਼ੇ ਦੀਆਂ ਤਸਵੀਰਾਂ ਨੇ, ਇੱਕ ਰਸਾਇਣਕ ਪ੍ਰਕਿਰਿਆ ਵਿੱਚ ਬਣਾਇਆ ਜਾ ਸਕਦਾ ਏ। ਇਹ ਖੋਜ ਦਵਾਈਆਂ ਸਮੇਤ ਬਹੁਤ ਸਾਰੇ ਰਸਾਇਣਾਂ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੀ ਏ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਰਕਾਰ ਦੇ ਮੁਖੀ ਵਜੋਂ ਲਗਾਤਾਰ ਜਨਤਕ ਸੇਵਾ ਦੇ 25 ਸਾਲ ਪੂਰੇ ਕਰ ਲਏ ਨੇ. ਉਨ੍ਹਾਂ ਨਵੀਂ ਦਿੱਲੀ ਵਿੱਚ ਵਿਕਸਿਤ ਭਾਰਤ ਸੰਕਲਪ ਸਭਾ ਨੂੰ ਸੰਬੋਧਨ ਕੀਤਾ।

- ਸੁਪਰੀਮ ਕੋਰਟ ਨੇ ਪੰਜਾਬ ਦੇ ਪਟਿਆਲਾ ਅਤੇ ਮੋਗਾ ਜ਼ਿਲ੍ਹਿਆਂ ਦੇ 50 ਵਾਰਡਾਂ ਵਿੱਚ ਨਵੇਂ ਸਿਰਿਓਂ ਚੋਣਾਂ ਕਰਵਾਉਣ ਦਾ ਹੁਕਮ ਦਿੱਤਾ ਏ।

- ਭਾਰਤ ਨੇ ਪਿਛਲੇ ਕੁਝ ਦਿਨਾਂ ਵਿੱਚ ਕਾਲੇ ਸਾਗਰ ਖੇਤਰ’ਚ ਹੋਏ ਹਮਲਿਆਂ ਦੀ ਨਿਖੇਧੀ ਕੀਤੀ ਏ.

- ਭਾਰਤੀ ਰਿਜ਼ਰਵ ਬੈਂਕ ਨੇ  ਵਧਦੀ ਮਹਿੰਗਾਈ ਨੂੰ ਕਾਬੂ ਕਰਨ ਲਈ ਨੀਤੀਗਤ ਰੈਪੋ ਦਰ ਨੂੰ 25 ਬੁਨਿਆਦੀ ਅੰਕ ਵਧਾ ਕੇ 5.5 ਫੀਸਦੀ ਕੀਤਾ.

- ਸਾਲ 2026 ਦਾ ਰਸਾਇਣ ਵਿਗਿਆਨ ਵਿੱਚ ਨੋਬਲ ਈਨਾਮ, ਫਰਾਂਸ ਦੇ ਹੈਨਰੀ ਕੈਗਨ ਅਤੇ ਜਾਪਾਨ ਦੇ ਕੇਂਸੋ ਸੋਆਈ ਨੂੰ ਦੇਣ ਦਾ ਐਲਾਨ ਕੀਤਾ ਗਿਆ ਏ।

---------------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**